ਰਾਗੁ ਸੂਹੀ ਮਹਲਾ ੫ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥ ਬਾਜੀਗਰਿ ਜੈਸੇ ਬਾਜੀ ਪਾਈ ॥ ਨਾਨਾ ਰੂਪ ਭੇਖ ਦਿਖਲਾਈ ॥ ਸਾਂਗੁ ਉਤਾਰਿ ਥੰਮ੍ਹ੍ਹਿਓ ਪਾਸਾਰਾ ॥ ਤਬ ਏਕੋ ਏਕੰਕਾਰਾ ॥ ੧॥ ਕਵਨ ਰੂਪ ਦ੍ਰਿਸਟਿਓ ਬਿਨਸਾਇਓ ॥ ਕਤਹਿ ਗਇਓ ਉਹੁ ਕਤ ਤੇ ਆਇਓ ॥ ੧॥ ਰਹਾਉ ॥ ਜਲ ਤੇ ਊਠਹਿ ਅਨਿਕ ਤਰੰਗਾ ॥ ਕਨਿਕ ਭੂਖਨ ਕੀਨੇ ਬਹੁ ਰੰਗਾ ॥ ਬੀਜੁ ਬੀਜਿ ਦੇਖਿਓ ਬਹੁ ਪਰਕਾਰਾ ॥ ਫਲ ਪਾਕੇ ਤੇ ਏਕੰਕਾਰਾ ॥੨॥ ਸਹਸ ਘਟਾ ਮਹਿ ਏਕੁ ਆਕਾਸੁ ॥ ਘਟ ਫੂਟੇ ਤੇ ਓਹੀ ਪ੍ਰਗਾਸੁ ॥ ਭਰਮ ਲੋਭ ਮੋਹ ਮਾਇਆ ਵਿਕਾਰ ॥ ਭ੍ਰਮ ਛੂਟੇ ਤੇ ਏਕੰਕਾਰ ॥੩॥ ਓਹੁ ਅਬਿਨਾਸੀ ਬਿਨਸਤ ਨਾਹੀ ॥ ਨਾ ਕੋ ਆਵੈ ਨਾ ਕੋ ਜਾਹੀ ॥ ਗੁਰਿ ਪੂਰੈ ਹਉਮੈ ਮਲੁ ਧੋਈ ॥ ਕਹੁ ਨਾਨਕ ਮੇਰੀ ਪਰਮ ਗਤਿ ਹੋਈ ॥੪॥੧॥ {ਪੰਨਾ 736}

ਪਦਅਰਥ:- ਬਾਜੀਗਰਿ—ਬਾਜੀਗਰ ਨੇ। ਨਾਨਾ ਰੂਪ—ਅਨੇਕਾਂ ਰੂਪ। ਸਾਂਗੁ—ਨਕਲੀ ਸ਼ਕਲ। ਉਤਾਰਿ—ਲਾਹ ਕੇ। ਥੰਮ੍ਹਿਓ—ਰੋਕ ਦਿੱਤਾ। ਪਾਸਾਰਾ—ਖੇਡ ਦਾ ਖਿਲਾਰ। ਏਕੰਕਾਰਾ—ਪਰਮਾਤਮਾ।1।

ਕਵਨ ਰੂਪ—ਕੇਹੜੇ ਕੇਹੜੇ ਰੂਪ? ਅਨੇਕਾਂ ਰੂਪ। ਦ੍ਰਿਸਟਿਓ—ਦਿੱਸਿਆ। ਬਿਨਸਾਇਓ—ਬਿਨਸਿਓ, ਨਾਸ ਹੋਇਆ। ਕਤਹਿ—ਕਿੱਥੇ? ਉਹੁ—ਜੀਵ। ਕਤ ਤੇ—ਕਿੱਥੋਂ?।1। ਰਹਾਉ।

ਤੇ—ਤੋਂ। ਊਠਹਿ—ਉੱਠਦੇ ਹਨ। ਤਰੰਗ—ਲਹਿਰਾਂ। ਕਨਿਕ—ਸੋਨਾ। ਭੂਖਨ—ਗਹਿਣੇ। ਕੀਨੇ—ਬਣਾਏ ਜਾਂਦੇ ਹਨ। ਬੀਜਿ—ਬੀਜ ਕੇ। ਫਲ ਪਾਕੇ ਤੇ—ਫਲ ਪੱਕਣ ਨਾਲ।2।

ਸਹਸ—ਹਜ਼ਾਰਾਂ। ਘਟ—ਘੜਾ। ਘਟ ਫੂਟੇ ਤੇ—ਘੜੇ ਟੁੱਟਣ ਨਾਲ। ਭਰਮ—ਭਟਕਣਾ।3।

ਅਬਿਨਾਸੀ—ਨਾਸ-ਰਹਿਤ। ਕੋ—ਕੋਈ ਜੀਵ। ਆਵੈ—ਜੰਮਦਾ ਹੈ। ਜਾਹੀ—ਜਾਹਿ, ਜਾਂਦੇ ਹਨ, ਮਰਦੇ ਹਨ। ਗੁਰਿ—ਗੁਰੂ ਨੇ। ਪਰਮ ਗਤਿ—ਉੱਚੀ ਆਤਮਕ ਅਵਸਥਾ।4।

ਅਰਥ:- ਹੇ ਭਾਈ! (ਪਰਮਾਤਮਾ ਦੇ) ਅਨੇਕਾਂ ਹੀ ਰੂਪ ਦਿੱਸਦੇ ਰਹਿੰਦੇ ਹਨ, ਅਨੇਕਾਂ ਹੀ ਰੂਪ ਨਾਸ ਹੁੰਦੇ ਰਹਿੰਦੇ ਹਨ। (ਕੋਈ ਨਹੀਂ ਦੱਸ ਸਕਦਾ ਕਿ) ਜੀਵ ਕਿੱਥੋਂ ਆਇਆ ਸੀ, ਤੇ, ਕਿੱਥੇ ਚਲਾ ਜਾਂਦਾ ਹੈ।1। ਰਹਾਉ।

ਹੇ ਭਾਈ! ਜਿਵੇਂ ਕਿਸੇ ਬਾਜ਼ੀਗਰ ਨੇ (ਕਦੇ) ਬਾਜ਼ੀ ਪਾ ਕੇ ਵਿਖਾਈ ਹੋਵੇ, ਉਹ ਕਈ ਕਿਸਮਾਂ ਦੇ ਰੂਪ ਤੇ ਭੇਖ ਵਿਖਾਂਦਾ ਹੈ (ਇਸੇ ਤਰ੍ਹਾਂ ਪਰਮਾਤਮਾ ਨੇ ਇਹ ਜਗਤ-ਤਮਾਸ਼ਾ ਰਚਿਆ ਹੋਇਆ ਹੈ। ਇਸ ਵਿਚ ਅਨੇਕਾਂ ਰੂਪ ਭੇਖ ਵਿਖਾ ਰਿਹਾ ਹੈ)। ਜਦੋਂ ਪ੍ਰਭੂ ਆਪਣੀ ਇਹ (ਜਗਤ-ਰੂਪ) ਨਕਲੀ ਸ਼ਕਲ ਲਾਹ ਕੇ ਖੇਡ ਦਾ ਖਿਲਾਰਾ ਰੋਕ ਦੇਂਦਾ ਹੈ, ਤਦੋਂ ਇਕ ਆਪ ਹੀ ਆਪ ਰਹਿ ਜਾਂਦਾ ਹੈ।1।

ਹੇ ਭਾਈ! ਪਾਣੀ ਤੋਂ ਅਨੇਕਾਂ ਲਹਿਰਾਂ ਉਠਦੀਆਂ ਹਨ (ਮੁੜ ਪਾਣੀ ਵਿਚ ਰਲ ਜਾਂਦੀਆਂ ਹਨ)। ਸੋਨੇ ਤੋਂ ਕਈ ਕਿਸਮਾਂ ਦੇ ਗਹਿਣੇ ਘੜੇ ਜਾਂਦੇ ਹਨ (ਉਹ ਅਸਲ ਵਿਚ ਸੋਨਾ ਹੀ ਹੁੰਦੇ ਹਨ)। (ਕਿਸੇ ਰੁੱਖ ਦਾ) ਬੀ ਬੀਜ ਕੇ (ਸ਼ਾਖ਼ਾਂ ਪੱਤੇ ਆਦਿਕ ਉਸ ਦਾ) ਕਈ ਕਿਸਮਾਂ ਦਾ ਸਰੂਪ ਵੇਖਣ ਵਿਚ ਆ ਜਾਂਦਾ ਹੈ। (ਰੁੱਖ ਦੇ) ਫਲ ਪੱਕਣ ਤੇ (ਉਹੀ ਪਹਿਲੀ ਕਿਸਮ ਦੇ ਬੀਜ ਬਣ ਜਾਂਦੇ ਹਨ) (ਤਿਵੇਂ ਇਸ ਬਹੁ-ਰੰਗੀ ਸੰਸਾਰ ਦਾ ਅਸਲਾ) ਇਕ ਪਰਮਾਤਮਾ ਹੀ ਹੈ।2।

ਹੇ ਭਾਈ! ਇਕੋ ਆਕਾਸ਼ (ਪਾਣੀ ਨਾਲ ਭਰੇ ਹੋਏ) ਹਜ਼ਾਰਾਂ ਘੜਿਆਂ ਵਿਚ (ਵਖ ਵਖ ਦਿੱਸਦਾ ਹੈ)। ਜਦੋਂ ਘੜੇ ਟੁੱਟ ਜਾਂਦੇ ਹਨ, ਤਾਂ ਉਹ (ਆਕਾਸ਼) ਹੀ ਦਿੱਸਦਾ ਰਹਿ ਜਾਂਦਾ ਹੈ। ਮਾਇਆ ਦੇ ਭ੍ਰਮ ਦੇ ਕਾਰਨ (ਪਰਮਾਤਮਾ ਦੀ ਅੰਸ਼ ਜੀਵਾਤਮਾ ਵਿਚ) ਭਟਕਣਾ, ਲੋਭ ਮੋਹ ਆਦਿਕ ਵਿਕਾਰ ਉੱਠਦੇ ਹਨ। ਭ੍ਰਮ ਮਿਟ ਜਾਣ ਨਾਲ ਇਕ ਪਰਮਾਤਮਾ ਦਾ ਹੀ ਰੂਪ ਹੋ ਜਾਂਦਾ ਹੈ।3।

ਹੇ ਭਾਈ! ਉਹ ਪਰਮਾਤਮਾ ਨਾਸ-ਰਹਿਤ ਹੈ, ਉਸ ਕਦੇ ਨਾਸ ਨਹੀਂ ਹੁੰਦਾ। (ਉਹ ਪ੍ਰਭੂ ਜੀਵਾਤਮਾ ਰੂਪ ਹੋ ਕੇ ਭੀ) ਨਾਹ ਕੋਈ ਆਤਮਾ ਜੰਮਦਾ ਹੈ, ਨਾਹ ਕੋਈ ਆਤਮਾ ਮਰਦਾ ਹੈ। ਹੇ ਨਾਨਕ! ਆਖ—ਪੂਰੇ ਗੁਰੂ ਨੇ (ਮੇਰੇ ਅੰਦਰੋਂ) ਹਉਮੈ ਦੀ ਮੈਲ ਧੋ ਦਿੱਤੀ ਹੈ, ਹੁਣ ਮੇਰੀ ਉੱਚੀ ਆਤਮਕ ਅਵਸਥਾ ਬਣ ਗਈ ਹੈ (ਤੇ, ਮੈਨੂੰ ਇਹ ਜਗਤ ਉਸ ਪਰਮਾਤਮਾ ਦਾ ਆਪਣਾ ਹੀ ਰੂਪ ਦਿੱਸ ਰਿਹਾ ਹੈ)।4।1।